ਨੰ:7/204/2012-4ਐਫ.ਪੀ.1/66

ਪੰਜਾਬ ਸਰਕਾਰ

ਵਿੱਤ ਵਿਭਾਗ

(ਵਿੱਤ ਪ੍ਰਸੋਨਲ-1 ਸ਼ਾਖਾ)

ਮਿਤੀ, ਚੰਡੀਗੜ੍ਹ 15-1-2015

ਸੇਵਾ ਵਿਖੇ,

ਸਮੂਹ ਵਿਭਾਗਾਂ ਦੇ ਮੁਖੀ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਵੀਜਨਾਂ ਦੇ ਕਮਿਸਨਰ,
ਸਮੂਹ ਜ਼ਿਲ੍ਹਾ ਤੇ ਸੈਸਨਜ ਜੱਜ ਅਤੇ
ਸਮੂਹ ਡਿਪਟੀ ਕਮਿਸਨਰ,
ਪੰਜਾਬ ਰਾਜ ਵਿੱਚ।

ਵਿਸ਼ਾ:- ਸਰਕਾਰੀ ਵਿਭਾਗਾਂ ਵਿੱਚ ਸਿੱਧੀ ਭਰਤੀ ਦੇ ਕੋਟੇ ਦੀਆਂ ਖਾਲੀ ਪਈਆਂ ਆਸਾਮੀਆਂ ਤੇ ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀਆਂ ਦੀਆਂ ਸੇਵਾ ਸ਼ਰਤਾਂ ਵਿੱਚ ਸੋਧ ਕਰਨ ਸਬੰਧੀ।

ਸ੍ਰੀਮਾਨ ਜੀ,

ਮੈਨੂੰ ਆਪ ਦਾ ਧਿਆਨ ਉਪਰੋਕਤ ਵਿਸੇ ਵੱਲ ਦਿਵਾਉਣ ਅਤੇ ਇਹ ਕਹਿਣ ਦੀ ਹਦਾਇਤ ਹੋਈ ਹੈ ਕਿ ਪੰਜਾਬ ਸਰਕਾਰ ਵਲੋਂ ਵਿੱਤੀ ਸੰਜਮ ਰੱਖਦੇ ਹੋਏ ਪੜ੍ਹੇ-ਲਿਖੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਮੁਹੱਈਆ ਕੀਤੇ ਜਾਣ ਦੇ ਮੰਤਵ ਨਾਲ ਸਿੱਧੀ ਭਰਤੀ ਦੇ ਕੋਟੇ ਦੀਆਂ ਖਾਲੀ ਪਈਆਂ ਵੱਖ ਵੱਖ ਕੈਟਾਗਰੀਜ਼ ਦੀਆਂ ਆਸਾਮੀਆਂ ਤੇ ਨਿਯੁਕਤ ਕੀਤੇ ਜਾਣ ਵਾਲੇ ਕਰਮਚਾਰੀਆਂ ਦੀ ਨਿਯੁਕਤੀ ਸਬੰਧੀ ਕੁੱਝ ਸੇਵਾ ਸ਼ਰਤਾਂ ਵਿੱਚ ਸੋਧ ਕਰਨ ਲਈ ਵਿੱਤ ਵਿਭਾਗ ਵਲੋਂ ਜਾਰੀ ਨੋਟੀਫਿਕੇਸ਼ਨ ਨੰ: 7/204/2012-4ਵਿਪ੍1/60, ਮਿਤੀ 15-1-2015 ਰਾਹੀਂ ਪੰਜਾਬ ਸਿਵਲ ਸੇਵਾਵਾਂ ਨਿਯਮਾਵਲੀ, ਜਿਲਦ-1, ਭਾਗ-1, ਦੇ ਸਬੰਧਤ ਰੂਲਾਂ ਵਿੱਚ ਸੋਧ ਕੀਤੀ ਗਈ ਹੈ।

2. ਉਪਰੋਕਤ ਨੋਟੀਫਿਕੇਸ਼ਨ ਰਾਹੀਂ ਕੀਤੀਆਂ ਸੋਧਾਂ ਉਪਰੰਤ ਸਿੱਧੀ ਭਰਤੀ ਤੇ ਤਨਖਾਹ ਦੇਣ ਸਬੰਧੀ ਹੇਠਾਂ ਅਨੁਸਾਰ ਸਥਿਤੀ ਹੋਵੇਗੀ:-

i) ਸਿੱਧੀ ਭਰਤੀ ਉਪਰੰਤ 2 ਸਾਲ ਦੇ ਪਰਖ ਕਾਲ ਦੇ ਸਮੇਂ ਦੇ ਦੌਰਾਨ ਸਮੇਤ ਉਸ ਪਰਖ ਕਾਲ ਦੇ ਸਮੇਂ ਦੇ ਜੇਕਰ ਕੋਈ ਇਸ ਵਿੱਚ ਵਾਧਾ ਕੀਤਾ ਗਿਆ ਹੋਵੇ, ਕਰਮਚਾਰੀ ਨੂੰ ਬੱਝਵੀਂ ਤਨਖਾਹ (fixed emoluments) ਦਿੱਤੀ ਜਾਵੇਗੀ ਜੋ ਕਿ ਉਸ ਕਰਮਚਾਰੀ ਦੀ ਨਵੀਂ ਆਸਾਮੀ ਤੇ ਮਿਲਣ ਵਾਲੇ ਪੇ-ਬੈਂਡ ਦੇ ਘੱਟੋ-ਘੱਟ ਤਨਖਾਹ (Minimum of the Pay Band) ਦੇ ਬਰਾਬਰ ਹੋਵੇਗੀ ਅਤੇ ਪਰਖ ਕਾਲ ਸਮੇਂ ਦੌਰਾਨ ਉਸ ਨੂੰ ਗਰੇਡ ਪੇ, ਸਾਲਾਨਾ ਤਰੱਕੀ ਜਾਂ ਹੋਰ ਕੋਈ ਭੱਤੇ, ਸਿਵਾਏ ਸਫ਼ਰੀ ਭੱਤੇ ਦੇ, ਮਿਲਣਯੋਗ ਨਹੀਂ ਹੋਣਗੇ ;

ii) ਪਰਖ ਕਾਲ ਦਾ ਸਮਾਂ ਸਫ਼ਲਤਾਪੂਰਵਕ ਮੁਕੰਮਲ ਹੋਣ ਤੇ ਉਸ ਨੂੰ ਉਸ ਆਸਾਮੀ ਤੇ ਮਿਲਣਯੋਗ ਪੇ-ਬੈਂਡ ਦੀ ਘੱਟੋ-ਘੱਟ ਤਨਖਾਹ, ਸਮੇਤ ਗਰੇਡ-ਪੇ, ਤੋਂ ਸ਼ੁਰੂ ਕਰਦੇ ਹੋਏ ਪੂਰੇ ਭੱਤੇ ਮਿਲਣਯੋਗ ਹੋਣਗੇ;

iii) ਪਰਖ ਕਾਲ ਦਾ ਸਮਾਂ, ਅਤੇ ਜੇਕਰ ਇਸ ਸਮੇਂ ਵਿੱਚ ਕੋਈ ਵਾਧਾ ਕੀਤਾ ਗਿਆ ਹੈ ਤਾਂ ਉਹ ਵੀ ਵਿੱਚ ਪਾ ਕੇ, ਤਨਖਾਹ ਦੇ ਟਾਇਮ ਸਕੇਲ ਵਿੱਚ ਕੰਮ ਕਰਨ ਦਾ ਸਮਾਂ ਨਹੀਂ ਗਿਣਿਆ ਜਾਵੇਗਾ;

iv) ਜੇਕਰ ਕਰਮਚਾਰੀ ਪਹਿਲਾਂ ਵੀ ਪੰਜਾਬ ਸਰਕਾਰ ਵਿੱਚ ਨੌਕਰੀ ਕਰ ਰਿਹਾ ਸੀ ਭਾਵ ਉਸ ਦਾ ਕਿਸੇ ਆਸਾਮੀ ਤੇ ਲੀਅਨ (Lien) ਹੈ ਤਾਂ ਉਸ ਨੂੰ ਨਵੀਂ ਆਸਾਮੀ ਦੇ ਪਰਖ ਕਾਲ ਸਮੇਂ ਦੌਰਾਨ ਉਸ ਪਹਿਲੀ ਆਸਾਮੀ, ਜਿਸ ਉਪਰ ਉਸ ਦਾ ਲੀਅਨ ਹੈ, ਵਾਲੀ ਤਨਖਾਹ ਮਿਲਣਯੋਗ ਹੋਵੇਗੀ;

v) ਕਰਮਚਾਰੀ ਦੇ ਪਰਖ ਕਾਲ ਸਮੇਂ ਦੌਰਾਨ ਉਹ ਨਿਊ ਡੀਫਾਈਡ ਕੰਟਰੀਬਿਊਟਰੀ ਪੈਨਸ਼ਨ ਸਕੀਮ ਅਧੀਨ ਕਵਰ ਹੋਵੇਗਾ ਅਤੇ ਇਸ ਸਬੰਧੀ ਸਰਕਾਰ ਵਲੋਂ ਬਣਦਾ ਮੈਚਿੰਗ ਸ਼ੇਅਰ ਵੀ ਦਿੱਤਾ ਜਾਵੇਗਾ;

3. ਇਹ ਹਦਾਇਤਾਂ ਸਰਕਾਰੀ ਵਿਭਾਗਾਂ ਦੇ ਨਾਲ-ਨਾਲ ਖੁਦ-ਮੁਖਤਿਆਰ ਅਤੇ ਅਰਧ ਸਰਕਾਰੀ ਸੰਸਥਾਵਾਂ, ਕਾਰਪੋਰੇਸ਼ਨਾਂ/ਬੋਰਡਾਂ, ਨੀਮ-ਸਰਕਾਰੀ ਅਦਾਰਿਆਂ, ਕਮਿਸ਼ਨਾਂ, ਟ੍ਰਿਬਿਊਨਲਾਂ, ਸਹਿਕਾਰੀ ਸੰਸਥਾਵਾਂ, ਸੋਸਾਇਟੀਆਂ,